ਗੂਜਰੀ ਮਹਲਾ ੫ ਚਉਪਦੇ ਘਰੁ ੧ ੧ੴ ਸਤਿਗੁਰ ਪ੍ਰਸਾਦਿ ॥ ਕਾਹੇ ਰੇ ਮਨ ਚਿਤਵਹਿ ਉਦਮੁ ਜਾ ਆਹਰਿ ਹਰਿ ਜੀਉ ਪਰਿਆ ॥ ਸੈਲ ਪਥਰ ਮਹਿ ਜੰਤ ਉਪਾਏ ਤਾ ਕਾ ਰਿਜਕੁ ਆਗੈ ਕਰਿ ਧਰਿਆ ॥੧॥ ਮੇਰੇ ਮਾਧਉ ਜੀ ਸਤਸੰਗਤਿ ਮਿਲੇ ਸਿ ਤਰਿਆ ॥ ਗੁਰ ਪਰਸਾਦਿ ਪਰਮ ਪਦੁ ਪਾਇਆ ਸੂਕੇ ਕਾਸਟ ਹਰਿਆ ॥੧॥ ਰਹਾਉ ॥ ਜਨਨਿ ਪਿਤਾ ਲੋਕ ਸੁਤ ਬਨਿਤਾ ਕੋਇ ਨ ਕਿਸ ਕੀ ਧਰਿਆ ॥ ਸਿਰਿ ਸਿਰਿ ਰਿਜਕੁ ਸੰਬਾਹੇ ਠਾਕੁਰੁ ਕਾਹੇ ਮਨ ਭਉ ਕਰਿਆ ॥੨॥ ਊਡੇ ਊਡਿ ਆਵੈ ਸੈ ਕੋਸਾ ਤਿਸੁ ਪਾਛੈ ਬਚਰੇ ਛਰਿਆ ॥ ਉਨ ਕਵਨੁ ਖਲਾਵੈ ਕਵਨੁ ਚੁਗਾਵੈ ਮਨ ਮਹਿ ਸਿਮਰਨੁ ਕਰਿਆ ॥੩॥ ਸਭ ਨਿਧਾਨ ਦਸ ਅਸਟ ਸਿਧਾਨ ਠਾਕੁਰ ਕਰ ਤਲ ਧਰਿਆ ॥ ਜਨ ਨਾਨਕ ਬਲਿ ਬਲਿ ਸਦ ਬਲਿ ਜਾਈਐ ਤੇਰਾ ਅੰਤੁ ਨ ਪਾਰਾਵਰਿਆ ॥੪॥੧॥ {ਪੰਨਾ 495}

ਪਦਅਰਥ:- ਕਾਹੇ—ਕਿਉਂ? ਚਿਤਵਹਿ—ਤੂੰ ਚਿਤਵਦਾ ਹੈਂ। ਚਿਤਵਹਿ ਉਦਮੁ—ਤੂੰ ਉੱਦਮ ਚਿਤਵਦਾ ਹੈਂ, ਤੂੰ ਚਿੰਤਾ-ਫ਼ਿਕਰ ਕਰਦਾ ਹੈਂ। ਜਾ ਆਹਰਿ—ਜਿਸ (ਰਿਜ਼ਕ) ਦੇ ਆਹਰ ਵਿਚ। ਪਰਿਆ—ਪਿਆ ਹੋਇਆ ਹੈਂ। ਸੈਲ—ਪਹਾੜ। ਤਾ ਕਾ—ਉਹਨਾਂ ਦਾ। ਆਗੈ—ਪਹਿਲਾਂ ਹੀ। ਕਰਿ—ਬਣਾ ਕੇ।1।

ਮਾਧਉ—{ਮਾ—ਮਾਇਆ। ਧਉ—ਧਵ, ਪਤੀ। ਮਾਇਆ ਦਾ ਪਤੀ} ਹੇ ਪਰਮਾਤਮਾ! ਸਿ—ਉਹ ਬੰਦੇ। ਪਰਸਾਦਿ—ਕਿਰਪਾ ਨਾਲ। ਪਰਮ ਪਦੁ —ਉੱਚਾ ਆਤਮਕ ਦਰਜਾ। ਕਾਸਟ —ਕਾਠ। ਹਰਿਆ—ਹਰੇ।1। ਰਹਾਉ।

ਜਨਨਿ—ਮਾਂ। ਸੁਤ —ਪੁੱਤਰ। ਬਨਿਤਾ —ਇਸਤ੍ਰੀ। ਧਰਿਆ —ਆਸਰਾ। ਸਿਰਿ ਸਿਰਿ —ਹਰੇਕ ਦੇ ਸਿਰ ਉਤੇ। ਸੰਬਾਹੇ—{sz>hwX} ਅਪੜਾਂਦਾ ਹੈ। ਮਨ—ਹੇ ਮਨ!।2।

ਊਡੈ—ਉੱਡਦੀ ਹੈ। ਊਡਿ —ਉੱਡ ਕੇ। ਸੈ ਕੋਸਾ —ਸੈਂਕੜੇ ਕੋਹ। ਛਰਿਆ—ਛੱਡੇ ਹੋਏ। ਉਨ—ਉਹਨਾਂ ਨੂੰ। ਸਿਮਰਨੁ—ਯਾਦ, ਚੇਤਾ।3।

ਨਿਧਾਨ—ਖ਼ਜ਼ਾਨੇ। ਦਸ ਅਸਟ—ਦਸ ਤੇ ਅੱਠ, ਅਠਾਰਾਂ। ਸਿਧਾਨ—ਸਿੱਧੀਆਂ। ਕਰ ਤਲ—ਹੱਥਾਂ ਦੀਆਂ ਤਲੀਆਂ ਉੱਤੇ। ਸਦ—ਸਦਾ। ਬਲਿ—ਸਦਕੇ। ਜਾਈਐ—ਜਾਣਾ ਚਾਹੀਦਾ ਹੈ। ਪਾਰਾਵਰਿਆ—ਪਾਰ ਅਵਾਰ, ਪਾਰਲਾ ਤੇ ਉਰਲਾ ਬੰਨਾ।4।

ਅਰਥ:- ਹੇ ਮੇਰੇ ਪ੍ਰਭੂ ਜੀ ! ਜੇਹੜੇ ਮਨੁੱਖ ਤੇਰੀ ਸਾਧ ਸੰਗਤਿ ਵਿਚ ਮਿਲਦੇ ਹਨ ਉਹ (ਸੰਸਾਰ-ਸਮੁੰਦਰ ਤੋਂ) ਪਾਰ ਲੰਘ ਜਾਂਦੇ ਹਨ। ਗੁਰੂ ਦੀ ਕਿਰਪਾ ਨਾਲ ਉਹ ਮਨੁੱਖ ਸਭ ਤੋਂ ਉੱਚਾ ਆਤਮਕ

ਦਰਜਾ ਹਾਸਲ ਕਰ ਲੈਂਦੇ ਹਨ, ਉਹ ਇਉਂ ਹਰੇ (ਆਤਮਕ ਜੀਵਨ ਵਾਲੇ) ਹੋ ਜਾਂਦੇ ਹਨ ਜਿਵੇਂ ਕੋਈ ਸੁੱਕੇ ਰੁੱਖ ਹਰੇ ਹੋ ਜਾਣ।1। ਰਹਾਉ।

ਹੇ ਮੇਰੇ ਮਨ ! ਤੂੰ (ਉਸ ਰਿਜ਼ਕ ਦੀ ਖ਼ਾਤਰ ) ਕਿਉਂ ਸੋਚਾਂ ਸੋਚਦਾ ਰਹਿੰਦਾ ਹੈਂ ਜੇਹੜਾ (ਰਿਜ਼ਕ ਅਪੜਾਣ ਦੇ) ਆਹਰ ਵਿਚ ਪਰਮਾਤਮਾ ਆਪ ਲੱਗਾ ਪਿਆ ਹੈ। (ਵੇਖ,) ਪਹਾੜਾਂ ਦੇ ਪੱਥਰਾਂ ਵਿਚ (ਪਰਮਾਤਮਾ ਨੇ) ਜੀਵ ਪੈਦਾ ਕੀਤੇ ਹੋਏ ਹਨ ਉਹਨਾਂ ਦਾ ਰਿਜ਼ਕ ਉਸ ਨੇ ਪਹਿਲਾਂ ਹੀ ਤਿਆਰ ਕਰ ਕੇ ਰੱਖ ਦਿੱਤਾ ਹੁੰਦਾ ਹੈ।1।

ਹੇ ਮਨ! ਮਾਂ, ਪਿਉ, ਹੋਰ ਲੋਕ, ਪੁੱਤਰ, ਇਸਤ੍ਰੀ—ਇਹਨਾਂ ਵਿਚੋਂ ਕੋਈ ਭੀ ਕਿਸੇ ਦਾ ਆਸਰਾ ਨਹੀਂ ਹੈ। ਪਰਮਾਤਮਾ ਆਪ ਹਰੇਕ ਜੀਵ ਵਾਸਤੇ ਰਿਜ਼ਕ ਅਪੜਾਂਦਾ ਹੈ। ਹੇ ਮਨ ! ਤੂੰ (ਰਿਜ਼ਕ ਵਾਸਤੇ) ਕਿਉਂ ਸਹਮ ਕਰਦਾ ਹੈਂ?।2।

(ਹੇ ਮਨ! ਵੇਖ, ਕੂੰਜ) ਉੱਡਦੀ ਹੈ, ਤੇ ਉੱਡ ਕੇ (ਆਪਣੇ ਆਲ੍ਹਣੇ ਤੋਂ) ਸੈਂਕੜੇ ਕੋਹ (ਦੂਰ) ਆ ਜਾਂਦੀ ਹੈ, ਉਸ ਦੇ ਬੱਚੇ ਉਸ ਦੇ ਪਿੱਛੇ ਇਕੱਲੇ ਪਏ ਰਹਿੰਦੇ ਹਨ। (ਦੱਸ,) ਉਹਨਾਂ ਬੱਚਿਆਂ ਨੂੰ ਕੌਣ (ਚੋਗਾ) ਖਵਾਂਦਾ ਹੈ? ਕੌਣ ਚੋਗਾ ਚੁਗਾਂਦਾ ਹੈ? (ਕੂੰਜ) ਆਪਣੇ ਮਨ ਵਿਚ ਉਹਨਾਂ ਨੂੰ ਯਾਦ ਕਰਦੀ ਰਹਿੰਦੀ ਹੈ (ਪਰਮਾਤਮਾ ਦੀ ਕੁਦਰਤਿ! ਇਸ ਯਾਦ ਨਾਲ ਹੀ ਉਹ ਬੱਚੇ ਪਲਦੇ ਰਹਿੰਦੇ ਹਨ)।3।

(ਹੇ ਮਨ ! ਦੁਨੀਆ ਦੇ ) ਸਾਰੇ ਖ਼ਜ਼ਾਨੇ , ਅਠਾਰਾਂ ਸਿੱਧੀਆਂ (ਕਰਾਮਾਤੀ ਤਾਕਤਾਂ )—ਇਹ ਸਭ ਪਰਮਾਤਮਾ ਦੇ ਹੱਥਾਂ ਦੀਆਂ ਤਲੀਆਂ ਉਤੇ ਟਿਕੇ ਰਹਿੰਦੇ ਹਨ , ਹੇ ਨਾਨਕ! ਉਸ ਪਰਮਾਤਮਾ ਤੋਂ ਸਦਕੇ ਸਦਾ ਕੁਰਬਾਨ ਹੁੰਦੇ ਰਹਿਣਾ ਚਾਹੀਦਾ ਹੈ (ਤੇ ਅਰਦਾਸ ਕਰਦੇ ਰਹਿਣਾ ਚਾਹੀਦਾ ਹੈ ਕਿ ਹੇ ਪ੍ਰਭੂ!) ਤੇਰੇ ਗੁਣਾਂ ਦਾ ਅੰਤ ਨਹੀਂ ਪੈ ਸਕਦਾ, ਤੇਰਾ ਉਰਲਾ ਪਾਰਲਾ ਬੰਨਾ ਨਹੀਂ ਲੱਭ ਸਕਦਾ।4।1।